# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-03-2024**

- ਸੰਗਰੂਰ ਜ਼ਿਲ੍ਹੇ ਦੇ ਕਈ ਹਿੱਸਿਆਂ ਵਿੱਚ ਜ਼ਹਿਰੀਲੀ ਸ਼ਰਾਬ ਦੇ ਕਥਿਤ ਸੇਵਨ ਕਾਰਨ ਜਾਨ ਗਵਾਉਣ ਵਾਲਿਆਂ ਦੀ ਗਿਣਤੀ 21 ਤੱਕ ਪਹੁੰਚ ਗਈ ਏ।
- ਭਾਰਤ ਚੋਣ ਕਮਿਸ਼ਨ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਰਾਹੀਂ ਸੂਬੇ ਦੇ ਮੁੱਖ ਸਕੱਤਰ ਅਤੇ ਡੀ ਜੀ ਪੀ ਤੋਂ ਸੰਗਰੂਰ ਦੇ ਜ਼ਹਿਰੀਲੀ ਸ਼ਰਾਬ ਦੁਖਾਂਤ ਮਾਮਲੇ ਦੀ ਤੁਰੰਤ ਰਿਪੋਰਟ ਤਲਬ ਕੀਤੀ।
- ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਤੇ ਪੰਜਾਬ ਸਮੇਤ ਦੇਸ਼ ਭਰ ਵਿਚ ਇਨਾਂ ਸ਼ਹੀਦਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਜਾ ਰਹੀਆਂ ਨੇ।

- ਕੌਮੀ ਤਿਉਹਾਰ ਹੋਲੇ ਮਹੱਲੇ ਦਾ ਪਹਿਲਾ ਪੜਾਅ ਸ੍ਰੀ ਕੀਰਤਪੁਰ ਸਾਹਿਬ ਵਿਖੇ ਸਮਾਪਤ ਹੋਇਆ, ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਭਲਕੇ ਸ਼ੁਰੂ ਹੋਵੇਗਾ ਮੁੱਖ ਤੇ ਦੂਜਾ ਪੜਾਅ ।

-------------------------------------------------

ਸੰਗਰੂਰ ਜ਼ਿਲ੍ਹੇ ਦੇ ਕਈ ਹਿੱਸਿਆਂ ਵਿੱਚ ਜ਼ਹਿਰੀਲੀ ਸ਼ਰਾਬ ਦੇ ਕਥਿਤ ਸੇਵਨ ਕਾਰਨ ਮਰਨ ਵਾਲਿਆਂ ਦੀ ਗਿਣਤੀ 21 ਤੱਕ ਪਹੁੰਚ ਗਈ ਏ । ਹਸਪਤਾਲ ਵਿੱਚ ਇਲਾਜ ਅਧੀਨ ਸੱਤ ਵਿਅਕਤੀਆਂ ਦੀ ਅੱਜ ਮੌਤ ਹੋ ਗਈ । ਸੰਗਰੂਰ ਦੇ ਐਸਐਸਪੀ ਸਰਤਾਜ ਸਿੰਘ ਚਾਹਲ ਦਾ ਕਹਿਣਾ ਏ ਕਿ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ ਮਾਮਲੇ ਦੀ ਜਾਂਚ ਕਰ ਰਹੀ ਏ ਅਤੇ ਹੁਣ ਤੱਕ ਇਕ ਮਹਿਲਾ ਸਮੇਤ ਅੱਠ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ । ਸੰਗਰੂਰ ਦੇ ਸਿਵਲ ਸਰਜਨ ਡਾ.ਕਿਰਪਾਲ ਸਿੰਘ ਨੇ ਦੱਸਿਆ ਕਿ ਹੁਣ ਤੱਕ 40 ਮਰੀਜ਼ ਉਨ੍ਹਾਂ ਕੋਲ ਆਏ ਨੇ ਅਤੇ 20 ਮਰੀਜ਼ਾਂ ਦੀ ਮੌਤ ਹੋ ਚੁੱਕੀ ਏ, ਬਾਕੀ ਦੇ ਵੀਹ ਵਿਚੋਂ 11 ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿਖੇ ਰੈਫ਼ਰ ਕੀਤੇ ਗਏ ਨੇ ਅਤੇ 6 ਸੰਗਰੂਰ ਦੇ ਸਿਵਲ ਹਸਪਤਾਲ ਵਿਖੇ ਭਰਤੀ ਨੇ । ਦੂਜੇ ਪਾਸੇ ਸੁਨਾਮ ਵਿਖੇ ਕਥਿਤ

ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੀ ਗਿਣਤੀ 10 ਤੋਂ ਪਾਰ ਹੋ ਗਈ ਦੱਸੀ ਜਾ ਰਹੀ ਏ। ਸੁਨਾਮ ਦੇ ਐਸ ਐਮ ਓ ਡਾ.ਸੰਜੇ ਕਾਮਰਾ ਨੇ ਦੱਸਿਆ ਕਿ ਜ਼ਹਿਰੀਲੀ ਸ਼ਰਾਬ ਦਾ ਹੀ ਇੱਕ ਹੋਰ ਕੇਸ ਸਾਹਮਣੇ ਆਇਆ ਏ, ਜਿਸ ਵਿੱਚ ਗੁਰਨਾਮ ਸਿੰਘ ਵਾਸੀ ਸੁਨਾਮ ਨੂੰ ਇਲਾਜ਼ ਲਈ ਪਰਿਵਾਰਿਕ ਮੈਂਬਰਾਂ ਵਲੋਂ ਹਸਪਤਾਲ ਵਿਖੇ ਲਿਆਂਦਾ ਗਿਆ ਸੀ । ਮੈਡੀਕਲ ਜਾਂਚ ਦੌਰਾਨ ਉਹ ਮ੍ਰਿਤਕ ਪਾਇਆ ਗਿਆ।

-----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਰਾਹੀਂ ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਦੇ ਮੁੱਖ ਸਕੱਤਰ ਅਤੇ ਡੀਜੀਪੀ ਤੋਂ ਸੰਗਰੂਰ ਦੇ ਜ਼ਹਿਰੀਲੀ ਸ਼ਰਾਬ ਦੁਖਾਂਤ ਮਾਮਲੇ ਦੀ ਤੁਰੰਤ ਰਿਪੋਰਟ ਮੰਗੀ ਏ। ਕਮਿਸ਼ਨ ਦੀ ਜਾਣਕਾਰੀ ਅਨੁਸਾਰ ਇਸ ਮਾਮਲੇ ਵਿੱਚ 20 ਦੇ ਕਰੀਬ ਵਿਅਕਤੀਆਂ ਦੀ ਮੌਤ ਹੋ ਚੁੱਕੀ ਏ ਅਤੇ 20 ਹੋਰ ਸੰਗਰੂਰ ਤੇ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਅਧੀਨ ਨੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸੂਬੇ ਦੇ ਮੁੱਖ ਸਕੱਤਰ ਅਤੇ ਡੀ ਜੀ ਪੀ ਨੂੰ ਇੱਕ ਪੱਤਰ ਲਿਖ ਕੇ ਇਸ ਸਮੁੱਚੇ ਘਟਨਾਕ੍ਰਮ ਬਾਰੇ ਤੁਰੰਤ ਮੁੱਢਲੀ

ਰਿਪੋਰਟ ਅਤੇ ਵਿਸਤ੍ਰਿਤ ਰਿਪੋਰਟ ਅੱਜ ਹੀ ਦੇਣ ਲਈ ਕਿਹਾ ਏ ਤਾਂ ਜੋ ਇਸ ਬਾਬਤ ਭਾਰਤੀ ਚੋਣ ਕਮਿਸ਼ਨ ਨੂੰ ਜਾਣੂੰ ਕਰਵਾਇਆ ਜਾ ਸਕੇ।

------------------------------------------------------------

ਇਸ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਸੰਗਰੂਰ ਜ਼ਿਲ੍ਹੇ ਵਿੱਚ ਨਕਲੀ ਜ਼ਹਿਰੀਲੀ ਨਾਜਾਇਜ਼ ਸ਼ਰਾਬ ਨਾਲ ਹੋਈਆਂ 21 ਮੌਤਾਂ ‘ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ, ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਆਮ ਆਦਮੀ ਪਾਰਟੀ ਦੇ ਹੋਰ ਆਗੂਆਂ ਨੂੰ ਪੰਜਾਬੀਆਂ ਦੀ ਜਾਨ-ਮਾਲ ਦੀ ਕੋਈ ਚਿੰਤਾ ਨਹੀਂ ਏ। ਇਕ ਬਿਆਨ ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਇਹ ਆਗੂ ਅਰਵਿੰਦ ਕੇਜਰੀਵਾਲ ਦੇ ਸਮਰਥਨ ਵਿੱਚ ਦਿੱਲੀ ਦੀਆਂ ਸੜਕਾਂ 'ਤੇ ਪ੍ਰਦਰਸ਼ਨ ਕਰਨ ਵਿੱਚ ਲੱਗੇ ਹੋਏ ਨੇ ਜਦੋਂ ਕਿ ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਨਾਲ ਹੋਣ ਵਾਲੀਆਂ ਮੌਤਾਂ ਦੀ ਗਿਣਤੀ ਲਗਾਤਾਰ ਵੱਧ ਰਹੀ ਏ। ਉਨ੍ਹਾਂ ਕਿਹਾ ਕਿ ਇਹ ਘਟਨਾ ਬੇਹੱਦ ਦੁਖਦਾਈ ਤੇ ਚਿੰਤਾਜਨਕ ਏ ਅਤੇ ਦੁੱਖ ਦੀ ਇਸ ਘੜੀ ਵਿੱਚ ਭਾਜਪਾ

ਪੀੜਿਤ ਪਰਿਵਾਰਾਂ ਦੇ ਨਾਲ ਖੜ੍ਹੀ ਏ । ਤਰੁਣ ਚੁੱਘ ਨੇ ਕਿਹਾ ਕਿ ਸਰਕਾਰ ਨੇ ਅਜੇ ਤੱਕ ਮ੍ਰਿਤਕਾਂ ਦੇ ਪਰਿਵਾਰਾਂ ਲਈ ਕੋਈ ਰਾਹਤ ਦੇਣ ਦਾ ਐਲਾਨ ਵੀ ਨਹੀਂ ਕੀਤਾ ਏ ਜਿਹੜਾ ਕਿ ਬੇਹੱਦ ਮੰਦਭਾਗਾ ਏ।

--------------------------------------------------

ਉਧਰ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਜਹਿਰੀਲੀ ਸ਼ਰਾਬ ਮਾਮਲੇ ਤੇ ਟਿੱਪਣੀ ਕਰਦੀਆਂ ਕਿਹਾ ਕਿ ਸਰਕਾਰ ਅਨੁਸੂਚਿਤ ਜਾਤੀ ਗਰੀਬ ਪ੍ਰੀਵਾਰਾਂ ਦੀ ਸੁਰੱਖਿਆ ਕਰਨ ਵਿੱਚ ਅਸਫਲ ਸਾਬਿਤ ਹੋਈ ਏ। ਇਸ ਦੁਖਾਂਤ ਘਟਨਾਕ੍ਰਮ ਦੇ ਮੱਦੇਨਜ਼ਰ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਇਸ ਅਣਗਹਿਲੀ ਲਈ ਨੈਤਿਕ ਤੌਰ 'ਤੇ ਜ਼ਿੰਮੇਵਾਰ ਠਹਿਰਾਉਂਦਿਆਂ ਪਰਮਜੀਤ ਸਿੰਘ ਕੈਂਥ ਨੇ ਮੰਤਰੀ ਦੇ ਅਸਤੀਫੇ ਦੀ ਮੰਗ ਕੀਤੀ ਏ। ਉਨਾਂ ਜ਼ੋਰ ਦੇ ਕੇ ਕਿਹਾ ਕਿ ਮੰਤਰੀ ਦਾ ਅਸਤੀਫਾ ਸਿਆਸੀ ਸਰਪ੍ਰਸਤੀ ਦੇ ਗੰਭੀਰ ਸਿੱਟਿਆਂ ਨੂੰ ਸਵੀਕਾਰ ਕਰਨ ਵੱਲ ਇੱਕ ਕਦਮ ਹੋਵੇਗਾ ਜਿਹੜਾ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਦਾ ਏ। ਉਨਾਂ ਕਿਹਾ ਕਿ ਜ਼ਹਿਰੀਲੀ ਸ਼ਰਾਬ ਨੂੰ ਵੰਡਣ ਅਤੇ ਬਣਾਉਣ ਲਈ ਦੋਸ਼ੀ

ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਅਨੁਸੂਚਿਤ ਜਾਤੀ ਅੱਤਿਆਚਾਰ ਰੋਕਥਾਮ ਐਕਟ 1989 ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਜਾਵੇ।

---------------------------------------------------------

ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਅੱਜ ਸ਼ਹੀਦੀ ਦਿਵਸ ਏ। ਇਸ ਮੌਕੇ ਤੇ ਪੰਜਾਬ ਸਮੇਤ ਦੇਸ਼ ਭਰ ਵਿਚ ਇਨਾਂ ਸ਼ਹੀਦਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਜਾ ਰਹੀਆਂ ਨੇ। ਪੰਜਾਬ ਵਿਚ ਸ਼ਹੀਦ ਭਗਤ ਸਿੰਘ ਨਗਰ ਜ਼ਿਲੇ ਦੇ ਖਟਕੜਕਲਾਂ ਸਥਿਤ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਦੀ ਯਾਦਗਾਰ ਅਤੇ ਫਿਰੋਜ਼ਪੁਰ ਜ਼ਿਲੇ ਦੇ ਹੁਸੈਨੀਵਾਲਾ ਵਿਖੇ ਕੌਮੀ ਸ਼ਹੀਦੀ ਯਾਦਗਾਰ ਤੇ ਵਿਸ਼ੇਸ਼ ਸ਼ਹੀਦੀ ਸਮਾਗਮ ਕਰਵਾਏ ਜਾ ਰਹੇ ਨੇ। ਵੱਡੀ ਗਿਣਤੀ ਵਿੱਚ ਲੋਕ ਦੇਸ਼ ਦੇ ਇਨਾਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰ ਰਹੇ ਨੇ।

ਵੇਰਵੇ ਨਾਲ ਇਹ ਰਿਪੋਰਟ:***ਡਿਸਪੈਚ:*** *शहीदों की चिताओं पर लगेंगे हर बरस मेले बस यही उनका आखरी निशां होगा* ***-ਠੀਕ ਇਨਾਂ ਸਤਰਾਂ ਮੁਤਾਬਕ ਅੱਜ ਦੇਸ਼ ਦੇ ਇਨਾਂ ਮਹਾਨ ਸ਼ਹੀਦਾਂ ਨੂੰ ਪੂਰੀ***

ਸ਼ਰਧਾ ਨਾਲ ਯਾਦ ਕੀਤਾ ਜਾ ਰਿਹਾ ਏ । ਸਨ 1931 ਵਿਚ ਅੱਜ ਦੇ ਹੀ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਲਾਹੌਰ ਦੀ ਸੇਂਟਰਲ ਜੇਲ ਵਿਚ ਇਨਕਲਾਬ ਜਿੰਦਾਬਾਦ ਦੇ ਨਾਰੇ ਲਗਾਉਂਦਿਆਂ ਫਾਂਸੀ ਦੇ ਫੰਦੇ ਨੂੰ ਹੱਸਦੇ ਹੱਸਦੇ ਚੁੱਮ ਲਿਆ ਸੀ । ਹਾਲਾਂਕਿ ਉਨਾਂ ਦੀ ਫਾਂਸੀ ਦੀ ਤਾਰੀਕ 24 ਮਈ 1931 ਰੱਖੀ ਗਈ ਸੀ ਪਰ ਉਦੋਂ ਦੀ ਅੰਗਰੇਜ ਹਕੂਮਤ ਨੇ ਡਰ ਕਾਰਣ ਇਨਾਂ ਤਿੰਨਾਂ ਨੂੰ ਸਮੇਂ ਤੋਂ ਪਹਿਲਾਂ ਹੀ ਫਾਂਸੀ ਦੇ ਦਿੱਤੀ ਸੀ । ਮਗਰੋਂ ਫਿਰੋਜ਼ਪੁਰ ਜ਼ਿਲੇ ਦੇ ਹੁਸੈਨੀਵਾਲਾ ਵਿਖੇ ਉਨਾਂ ਦਾ ਅੰਤਿਮ ਸਸਕਾਰ ਕੀਤਾ ਗਿਆ ਜਿਥੇ ਉਨਾਂ ਦੀ ਯਾਦ ਵਿਚ ਕੌਮੀ ਸ਼ਹੀਦੀ ਯਾਦਗਾਰ ਮੌਜੂਦ ਏ । ਭਗਤ ਸਿੰਘ ਦੇ ਦਾਦਾ ਅਰਜੁਨ ਸਿੰਘ ਅਤੇ ਉਨ੍ਹਾਂ ਦੇ ਤਿੰਨ ਪੁੱਤਰ - ਕਿਸ਼ਨ ਸਿੰਘ, ਅਜੀਤ ਸਿੰਘ ਤੇ ਸਵਰਨ ਸਿੰਘ ਪ੍ਰਸਿੱਧ ਆਜ਼ਾਦੀ ਘੁਲਾਟੀਏ ਸਨ ਇਸ ਲਈ ਭਗਤ ਸਿੰਘ ਨੂੰ ਦੇਸ਼ਭਕਤੀ ਤਾਂ ਵਿਰਾਸਤ ਵਿਚ ਹੀ ਮਿਲੀ ਸੀ । ਸਨ 13 ਅਪ੍ਰੈਲ 1919 ਨੂੰ ਹੋਏ ਜਲ੍ਹਿਆਂਵਾਲਾ ਬਾਗ ਦੇ ਸਾਕੇ ਦਾ ਭਗਤ ਸਿੰਘ 'ਤੇ ਡੂੰਘਾ ਅਸਰ ਪਿਆ ਸੀ ਅਤੇ ਉਹ ਖੁਲ ਕੇ ਆਜ਼ਾਦੀ ਦੀ ਲੜਾਈ ਵਿਚ ਸ਼ਾਮਲ ਹੋ ਗਏ ਸਨ । ਭਗਤ ਸਿੰਘ ਦੀ

*ਸ਼ਹਾਦਤ ਤੋਂ ਬਾਅਦ ਉਨ੍ਹਾਂ ਦੇ ਕਰੀਬੀ ਦੋਸਤ ਭਗਵਤੀ ਚਰਨ ਵੋਹਰਾ ਦੀ ਪਤਨੀ ਦੁਰਗਾ ਭਾਭੀ, ਜਿਹੜੇ ਖੁਦ ਇੱਕ ਕ੍ਰਾਂਤੀਕਾਰੀ ਯੋਧਾ ਸਨ, ਨੇ ਕਿਹਾ ਸੀ, "ਫਾਂਸੀ ਉਨ੍ਹਾਂ ਦਾ ਮੰਡਪ ਬਣ ਗਈ, ਫਾਹੀ ਉਨਾਂ ਦੀ ਮਾਲਾ ਅਤੇ ਮੌਤ ਉਨਾਂ ਦੀ ਦੁਲਹਨ ਬਣ ਗਈ। ਦੇਸ਼ ਲਈ ਅਮਰ ਹੋਏ ਇਨਾਂ ਮਹਾਨ ਸ਼ਹੀਦਾਂ ਨੂੰ ਸ਼ਤ ਸ਼ਤ ਨਮਨ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

ਹੁਸ਼ਿਆਰਪੁਰ ਦੇ ਫਤਿਹਗੜ੍ਹ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਚੌਂਕ ਵਿੱਚ ਸ਼ਹੀਦ ਭਗਤ ਸਿੰਘ ਯੂਥ ਕਲੱਬ ਨੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ। ਯੂਥ ਕਲੱਬ ਵੱਲੋਂ ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦੇ ਬੁੱਤਾਂ ਤੇ ਫੁੱਲ ਮਾਲਾ ਚੜ੍ਹਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਬੈਕਫਿਨਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ਼ਹੀਦਾਂ ਨੂੰ ਯਾਦ ਕੀਤਾ ਅਤੇ ਨੌਜਵਾਨਾਂ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਪ੍ਰੇਰਿਆ

। ਕਲੱਬ ਦੇ ਚੇਅਰਮੈਨ ਰਕੇਸ਼ ਸੈਣੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਦੇਸ਼ ਸੇਵਾ ਲਈ ਤਤਪਰ ਰਹਿਣ ਲਈ ਆਖਿਆ।

-----------------------------------------------------

ਪੰਜਾਬੀ ਯੂਨੀਵਰਸਿਟੀ ਵਿਖੇ ਸ਼ਹੀਦ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਸ਼ਹੀਦੀ ਦਿਵਸ ਮੌਕੇ 'ਛਿਪਣ ਤੋਂ ਪਹਿਲਾਂ' ਨਾਟਕ ਦੀ ਪੇਸ਼ਕਾਰੀ ਹੋਈ। ਇਹ ਨਾਟਕ ਯੂਨੀਵਰਸਿਟੀ ਦੇ ਥੀਏਟਰ ਅਤੇ ਫ਼ਿਲਮ ਪ੍ਰੋਡਕਸ਼ਨ ਵਿਭਾਗ ਵੱਲੋਂ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਦੇ ਸਹਿਯੋਗ ਨਾਲ਼ ਕਰਵਾਇਆ ਗਿਆ। ਪ੍ਰਸਿੱਧ ਨਾਟਕਕਾਰ ਦਵਿੰਦਰ ਦਮਨ ਵੱਲੋਂ ਲਿਖਿਤ ਇਹ ਨਾਟਕ ਸ਼ਹੀਦ ਭਗਤ ਸਿੰਘ ਦੀ ਜ਼ਿੰਦਗੀ ਉੱਤੇ ਆਧਾਰਿਤ ਏ ਜਿਸ ਨੂੰ ਪ੍ਰੋ. ਕਪਿਲ ਦੇਵ ਸ਼ਰਮਾ ਅਤੇ ਗੁਰਬਿੰਦਰ ਸਿੰਘ ਦੇ ਨਿਰਦੇਸ਼ਨ ਹੇਠ ਪੇਸ਼ ਕੀਤਾ ਗਿਆ। ਕਿਰਤੀ ਦੇ ਹੱਥਾਂ ਦੀ ਮਹਿਮਾ ਨੂੰ ਦਰਸਾਉਂਦਾ ਇਹ ਨਾਟਕ ਭਗਤ ਸਿੰਘ ਦੇ ਸੁਪਨਿਆਂ ਦੇ ਭਾਰਤ ਦੀ ਗੱਲ ਕਰਦਾ ਏ। ਨਾਟਕ ਰਾਹੀਂ ਸ਼ਹੀਦ ਭਗਤ ਸਿੰਘ ਅਤੇ ਉਸਦੇ ਸਾਥੀਆਂ ਦੀ ਸੋਚ ਸਪਸ਼ਟ ਰੂਪ ਵਿੱਚ ਉਭਰ ਕੇ ਸਾਹਮਣੇ

ਆਉਂਦੀ ਏ। ਮੋਦੀ ਕਾਲਜ ਦੇ ਸਮੂਹ ਵਿਦਿਆਰਥੀ ਅਦਾਕਾਰਾਂ ਨੇ ਇਸ ਨਾਟਕ ਨੂੰ ਬੜੇ ਭਾਵਪੂਰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।

---------------------------------------------------

ਸ਼ਹੀਦੀ ਦਿਹਾੜੇ ਮੌਕੇ ਪਠਾਨਕੋਟ ਸ਼ਹਿਰ ਦੀ ਇੱਕ ਨਿੱਜੀ ਯੂਨੀਵਰਸਿਟੀ ਵੱਲੋਂ ਬਾਈਕ ਰੈਲੀ ਕੱਢੀ ਗਈ। ਇਸ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਗਈ। ਬਾਈਕ ਰੈਲੀ ਦੀ ਸਮਾਪਤੀ 'ਤੇ ਕਾਲਜ ਦੀ ਪ੍ਰਿੰਸੀਪਲ ਡਾ: ਸ਼ੋਭਾ ਪਰਾਸ਼ਰ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਨੇ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਦੇਸ਼ ਭਗਤੀ ਅਤੇ ਸਖ਼ਤ ਮਿਹਨਤ ਦਾ ਜਜ਼ਬਾ ਪੈਦਾ ਕਰਨ ਤਾਂ ਜੋ ਦੇਸ਼ ਨੂੰ ਤਰੱਕੀ ਵੱਲ ਲਿਜਾਇਆ ਜਾ ਸਕੇ।

---------------------------------------------------

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਪੀਲ ਅਤੇ ਲੋਕ ਸਭਾ ਚੋਣਾਂ-2024 ਦੌਰਾਨ ਵੋਟ

ਪ੍ਰਤੀਸ਼ਤਤਾ ਵਧਾਉਣ ਲਈ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਦੇ ਹੋਟਲਾਂ/ਰੈਸਟੋਰੈਂਟਾਂ ਨੇ ਵੋਟਰਾਂ ਨੂੰ ਵੋਟਿੰਗ ਵਾਲੇ ਦਿਨ ਸਿਆਹੀ ਵਾਲੀ ਉਂਗਲ ਨਾਲ ਖਾਣ-ਪੀਣ ਦੀਆਂ ਵਸਤਾਂ 'ਤੇ ਛੋਟ ਦੇਣ ਲਈ ਸਹਿਮਤੀ ਪ੍ਰਗਟਾਈ ਏ। ਹੋਟਲਾਂ/ਰੈਸਟੋਰੈਂਟਾਂ ਦੇ ਪ੍ਰਤੀਨਿਧਾਂ ਨਾਲ ਇਕ ਮੀਟਿੰਗ ਦੌਰਾਨ ਸਾਕਸ਼ੀ ਸਾਹਨੀ ਨੇ ਕਿਹਾ ਕਿ ਪਹਿਲੀ ਜੂਨ ਨੂੰ ਜ਼ਿਲ੍ਹੇ ਵਿੱਚ ਹੋਣ ਵਾਲੀਆਂ ਚੋਣਾਂ ਦੌਰਾਨ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੂੰ ਘਰੋਂ ਨਿਕਲਣ ਲਈ ਪ੍ਰੇਰਿਤ ਕਰਨ ਵਿੱਚ ਹੋਟਲ/ਰੈਸਟੋਰੈਂਟ ਅਹਿਮ ਭੂਮਿਕਾ ਨਿਭਾ ਸਕਦੇ ਨੇ। ਉਨ੍ਹਾਂ ਕਿਹਾ ਕਿ 70 ਫੀਸਦ ਤੋਂ ਵੱਧ ਵੋਟਿੰਗ ਦੇ ਟੀਚੇ ਨੂੰ ਹਾਸਲ ਕਰਨ ਲਈ ਸਾਰੇ ਹੀ ਭਾਈਵਾਲਾਂ ਨੂੰ ਆਪਣਾ ਪੂਰਾ ਸਹਿਯੋਗ ਦੇਣਾ ਚਾਹੀਦਾ ਏ। ਉਨਾਂ ਆਸ ਪ੍ਰਗਟਾਈ ਕਿ ਇਹ ਪਹਿਲ ਵੱਧ ਤੋਂ ਵੱਧ ਲੋਕਾਂ ਨੂੰ ਪੋਲਿੰਗ ਬੂਥਾਂ 'ਤੇ ਆਉਣ ਅਤੇ ਲੋਕਤੰਤਰੀ ਪ੍ਰਕਿਰਿਆ ਵਿਚ ਹਿੱਸਾ ਲੈਣ ਲਈ ਉਤਸ਼ਾਹਿਤ ਕਰੇਗੀ।

---------------------------------------------------------------

ਕੌਮੀ ਤਿਉਹਾਰ ਹੋਲੇ ਮਹੱਲੇ ਦੇ ਪਹਿਲੇ ਪੜਾਅ ਦੀ ਸਮਾਪਤੀ ਅੱਜ ਸ੍ਰੀ ਕੀਰਤਪੁਰ ਸਾਹਿਬ ਵਿਖੇ ਹੋਈ। ਬੀਤੇ 21 ਮਾਰਚ ਤੋਂ ਅਰੰਭੇ ਸ੍ਰੀ ਅਖੰਡ

ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ ਸਜਾਇਆ ਗਿਆ ਜਿਸ ਵਿੱਚ ਹਜੂਰੀ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਪਹਿਲੇ ਪੜਾਅ ਦੀ ਸਮਾਪਤੀ ਦੀ ਅਰਦਾਸ ਕੀਤੀ ਉੱਥੇ ਹੀ ਉਹਨਾਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਕੱਲ ਸ਼ੁਰੂ ਹੋ ਰਹੇ ਦੂਜੇ ਪੜਾਅ ਬਾਰੇ ਵੀ ਸੰਗਤਾਂ ਨੂੰ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਪਹਿਲੇ ਪੜਾਅ ਕੀਰਤਪੁਰ ਸਾਹਿਬ ਵਿਖੇ ਚੜ੍ਹਦੀ ਕਲਾ ਨਾਲ ਸੰਪੂਰਨ ਹੋਣ ਦੀ ਸੰਗਤ ਨੂੰ ਵਧਾਈ ਦਿੱਤੀ ।

---------------------------------------------------------------

ਦੇਸ਼ ਭਗਤ ਯੂਨੀਵਰਸਿਟੀ ਵਿਖੇ ਚੱਲ ਰਹੀ ਦੋ ਦਿਨ ਦੀ ਸਾਲਾਨਾ ਅਥਲੈਟਿਕ ਮੀਟ ਅੱਜ ਸਮਾਪਤ ਹੋਈ । ਸਮਾਜਿਕ ਵਿਗਿਆਨ ਦੀ ਫੈਕਲਟੀ ਸੈਸ਼ਨ 2023-24 ਲਈ ਸਪੋਰਟਸ ਚੈਂਪੀਅਨਸ਼ਿਪ ਦੀ ਜੇਤੂ ਰਹੀ ਜਦਕਿ ਸੋਸ਼ਲ ਫਾਰਮੇਸੀ ਦੀ ਫੈਕਲਟੀ ਨੇ ਉਪ-ਜੇਤੂ ਸਥਾਨ ਹਾਸਲ ਕੀਤਾ। ਸਮਾਜਿਕ ਵਿਗਿਆਨ ਅਤੇ ਭਾਸ਼ਾਵਾਂ ਦੀ ਫੈਕਲਟੀ ਵਿੱਚੋਂ

ਸਰਵੋਤਮ ਅਥਲੀਟ ਕਰਮਜੋਤ ਸਿੰਘ ਅਤੇ ਸਰਵੋਤਮ ਅਥਲੀਟ ਮਹਿਲਾ ਕੋਮਲ ਦੇਵੀ ਰਹੇ। ਮਰਦਾਂ ਦੇ ਰੱਸਾ ਕਸ਼ੀ ਟਗ ਆਫ਼ ਵਾਰ ਵਿੱਚ ਫੈਕਲਟੀ ਆਫ਼ ਫਾਰਮੇਸੀ ਦੀ ਟੀਮ ਜੇਤੂ ਰਹੀ। ਸਮਾਪਤੀ ਸਮਾਗਮ ਵਿਚ ਪਟਿਆਲਾ ਪੁਲਿਸ ਰੇਂਜ ਦੇ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਨੇ ਜੇਤੂਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਜੀਵਨ ਵਿੱਚ ਖੇਡਾਂ ਦੀ ਮਹੱਤਤਾ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਡਾਂ ਨਾ ਸਿਰਫ਼ ਹਰ ਉਮਰ ਵਰਗ ਦੇ ਲੋਕਾਂ ਨੂੰ ਇੱਕ ਮੰਚ ’ਤੇ ਇਕੱਠਾ ਕਰਕੇ ਇੱਕ ਦੂਜੇ ਨੂੰ ਜਾਣਨ ਵਿੱਚ ਮਦਦ ਕਰਦੀਆਂ ਨੇ ਸਗੋਂ ਆਪਸੀ ਦੁਸ਼ਮਣੀ ਦੂਰ ਕਰਨ ਵਿੱਚ ਵੀ ਮਦਦ ਕਰਦੀਆਂ ਨੇ।

---------------------------------------------------

**<u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਸੰਗਰੂਰ ਜ਼ਿਲ੍ਹੇ ਦੇ ਕਈ ਹਿੱਸਿਆਂ ਵਿੱਚ ਜ਼ਹਿਰੀਲੀ ਸ਼ਰਾਬ ਦੇ ਕਥਿਤ ਸੇਵਨ ਕਾਰਨ ਜਾਨ ਗਵਾਉਣ ਵਾਲਿਆਂ ਦੀ ਗਿਣਤੀ 21 ਤੱਕ ਪਹੁੰਚ ਗਈ ਏ।

- ਭਾਰਤ ਚੋਣ ਕਮਿਸ਼ਨ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਰਾਹੀਂ ਸੂਬੇ ਦੇ ਮੁੱਖ ਸਕੱਤਰ ਅਤੇ ਡੀ ਜੀ ਪੀ ਤੋਂ ਸੰਗਰੂਰ ਦੇ ਜ਼ਹਿਰੀਲੀ ਸ਼ਰਾਬ ਦੁਖਾਂਤ ਮਾਮਲੇ ਦੀ ਤੁਰੰਤ ਰਿਪੋਰਟ ਤਲਬ ਕੀਤੀ।
- ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਤੇ ਪੰਜਾਬ ਸਮੇਤ ਦੇਸ਼ ਭਰ ਵਿਚ ਇਨਾਂ ਸ਼ਹੀਦਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਜਾ ਰਹੀਆਂ ਨੇ।
- ਕੌਮੀ ਤਿਉਹਾਰ ਹੋਲੇ ਮਹੱਲੇ ਦਾ ਪਹਿਲਾ ਪੜਾਅ ਸ੍ਰੀ ਕੀਰਤਪੁਰ ਸਾਹਿਬ ਵਿਖੇ ਸਮਾਪਤ ਹੋਇਆ, ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਭਲਕੇ ਸ਼ੁਰੂ ਹੋਵੇਗਾ ਮੁੱਖ ਤੇ ਦੂਜਾ ਪੜਾਅ।

**ਇਸਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ !**